# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ

**ਮੀਮੋਨੰ: Transfer Cell/2022/322388/56** **ਮਿਤੀ: 03.11.2022**

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ: 5/3-ICT-2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਰਾਹੀਂ ਤਬਾਦਲਾ ਨੀਤੀ ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੀ ਤਬਾਦਲਾ ਨੀਤੀ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਦੀਆਂ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਾਲ 2022-23 ਦੌਰਾਨ **ਮੀਮੋਨੰ:Transfer Cell/2022/322388/34** ਮਿਤੀ 07.10.2022 ਰਾਹੀਂ ਜਾਰੀ ਜਨਤਕ ਸੂਚਨਾਂ ਰਾਹੀਂ ਅਧਿਆਪਕਾਂ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਜੋ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹਨਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ 10.10.2022 ਤੋਂ 13.10.2022 ਤੱਕ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵਲੋਂ ਈ ਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਗਏ ਸਨ। ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 14.10.2022 ਤੋਂ 16.10.2022 ਤੱਕ ਕੀਤੀ ਗਈ ਸੀ।

3.0 ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਮਿਤੀ 27.10.2022 ਅਤੇ ਮਿਤੀ 01.11.2022 ਨੂੰ ਜਿਲ੍ਹੇ ਤੋਂ ਬਾਹਰ (Inter District) ਜਾਰੀ ਕੀਤੀਆਂ ਜਾ ਚੁੱਕੀਆਂ ਹਨ।

4.0 ਵਿਭਾਗ ਵਲੋਂ ਬਦਲੀਆਂ ਦੇ ਤੀਜੇ ਗੇੜ ਦੌਰਾਨ ਆਪਸੀ ਬਦਲੀ (Mutual Transfers) ਬਦਲੀਆਂ ਕੀਤੀਆਂ ਜਾਣੀਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਆਪਸੀ ਬਦਲੀ (Mutual Transfers) ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਮਿਤੀ 03.11.2022 ਤੋਂ 04.11.2022 ਤੱਕ ਅਪਲਾਈ ਕਰ ਸਕਦੇ ਹਨ। ਆਪਸੀ ਬਦਲੀ ਲਈ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ ਅਪਲਾਈ ਕੀਤਾ ਜਾ ਸਕਦਾ ਹੈ ਜੀ।

5.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

6.0 ਜੇਕਰ ਕਿਸੇ ਅਧਿਆਪਕ/ ਕੰਪਿਊਟਰ ਫੈਕਲਟੀ/ ਵਲੰਟੀਅਰ ਨੂੰ ਬਦਲੀ ਲਈ ਆਨ ਲਾਇਨ ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

02.11.2022

ਸਹਾਇਕ ਡਾਇਰੈਕਟਰ (ਅਮਲਾ-1)